# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :20-07-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਵੇਂ ਇਹ ਮਾਨਸੂਨ ਹੋਵੇ ਜਾਂ ਮਾਨਸੂਨ ਇਜਲਾਸ , ਦੋਵੇਂ ਸਰਗਰਮ ਹੋਣ 'ਤੇ ਬਹੁਤ ਜ਼ਿਆਦਾ ਫਾਇਦੇਮੰਦ ਸਾਬਤ ਹੁੰਦੇ ਨੇ। ਸੰਸਦ ਦੇ ਮਾਨਸੂਨ ਇਜਲਾਸ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਜਦੋਂ ਦੋਵੇਂ ਉਤਪਾਦਕ ਹੁੰਦੇ ਹਨ, ਤਾਂ ਇਹ ਰਾਸ਼ਟਰ ਦੀ ਭਲਾਈ ਅਤੇ ਸਾਰੇ ਜੀਵਾਂ ਦੀ ਖੁਸ਼ੀ ਅਤੇ ਸ਼ਾਂਤੀ ਨੂੰ ਯਕੀਨੀ ਬਣਾਉਂਦਾ ਏ। ਪ੍ਰਧਾਨ ਮੰਤਰੀ ਨੇ ਉਮੀਦ ਪ੍ਰਗਟਾਈ ਕਿ ਮਾਨਸੂਨ ਸਰਗਰਮ ਅਤੇ ਉਤਪਾਦਕ ਰਹੇਗਾ, ਅਤੇ ਮਾਨਸੂਨ ਇਜਲਾਸ ਵੀ ਉਤਪਾਦਕ ਸਾਬਤ ਹੋਵੇਗਾ।

BYTE

ਉਨ੍ਹਾਂ ਕਿਹਾ ਕਿ ਪਿਛਲੇ ਸਾਲ ਮਾਨਸੂਨ ਇਜਲਾਸ ਤੋਂ ਠੀਕ ਪਹਿਲਾਂ, ਇੱਕ ਭਾਰਤੀ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਪਹੁੰਚਿਆ ਸੀ, ਅਤੇ ਕੁਝ ਦਿਨ ਪਹਿਲਾਂ ਹੀ, ਇੱਕ ਨੌਜਵਾਨ ਭਾਰਤੀ ਸਟਾਰਟਅੱਪ ਨੇ ਇੱਕ ਇਤਿਹਾਸਕ ਪ੍ਰਾਪਤੀ ਕੀਤੀ ਏ। ਸ੍ਰੀ ਮੋਦੀ ਨੇ ਕਿਹਾ ਕਿ ਦੁਨੀਆ ਦੇ ਕੁਝ

ਹੀ ਦੇਸ਼ਾਂ ਨੇ ਅਜਿਹਾ ਨਿੱਜੀ ਉੱਦਮ ਦੇਖਿਆ ਏ ਅਤੇ ਭਾਰਤ ਦੇ ਨੌਜਵਾਨਾਂ ਨੇ ਪੁਲਾੜ ਵਿੱਚ ਇੱਕ ਨਵੀਂ ਯਾਤਰਾ ਸ਼ੁਰੂ ਕੀਤੀ ਹੈ। ਉਨ੍ਹਾਂ ਇਸ ਨੂੰ ਇੱਕ ਬਹੁਤ ਵੱਡੀ ਸਫਲਤਾ ਦੱਸਿਆ।

---

ਪੰਜਾਬ ਸਰਕਾਰ ਨੇ  ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਐਕਟ  ਤੋਂ ਨਵੀਂ ਲਾਗੂ ਕੀਤੀ ਗਈ ਰੋਜ਼ਗਾਰ ਅਤੇ ਆਜੀਵਿਕਾ ਮਿਸ਼ਨ ਲਈ ਵਿਕਾਸ ਭਾਰਤ ਗਰੰਟੀ  ਯੋਜਨਾ ਵਿੱਚ ਸੁਚਾਰੂ ਤਬਦੀਲੀ ਨੂੰ ਯਕੀਨੀ ਬਣਾਉਣ ਲਈ ਵਿਆਪਕ ਪ੍ਰਬੰਧ ਕੀਤੇ ਨੇ । ਪੇਂਡੂ ਕਾਮਿਆਂ ਲਈ ਰੁਜ਼ਗਾਰ ਦੇ ਮੌਕੇ ਸੁਰੱਖਿਅਤ ਕੀਤੇ ਗਏ ਨੇ ਅਤੇ ਸੂਬੇ ਵਿੱਚ ਵਿਕਾਸ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਨੂੰ ਵੀ ਯਕੀਨੀ ਬਣਾਇਆ ਗਿਆ ਏ । 1 ਜੁਲਾਈ ਤੋਂ ਪੰਜਾਬ ਵਿੱਚ ਲਾਗੂ ਕੀਤੀ ਗਈ ਵਿਕਸਿਤ ਭਾਰਤ ਜੀ ਰਾਮ ਜੀ ਯੋਜਨਾ ਦੇ ਤਹਿਤ, ਤਨਖਾਹਾਂ ਲਈ 50 ਕਰੋੜ ਰੁਪਏ ਦੀ ਮਨਜ਼ੂਰ ਰਾਸ਼ੀ ਪਹਿਲਾਂ ਹੀ ਪ੍ਰਾਪਤ ਹੋ ਚੁੱਕੀ ਏ । ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ  ਨੇ ਬੀਤੇ ਦਿਨੀ ਕਿਹਾ ਕਿ ਵੈਧ ਮਨਰੇਗਾ ਜੌਬ ਕਾਰਡ ਰੱਖਣ ਵਾਲੇ ਸਾਰੇ ਲਾਭਪਾਤਰੀਆਂ ਨੂੰ ਆਪਣੇ ਆਪ VB G RAM G ਅਧੀਨ ਰੁਜ਼ਗਾਰ ਮਿਲਦਾ ਰਹੇਗਾ। ਇਸ ਦੌਰਾਨ, ਉਨ੍ਹਾਂ ਕਿਹਾ, ਨਵੇਂ ਲਾਭਪਾਤਰੀ ਵੀ ਇਸ ਯੋਜਨਾ ਦੇ ਤਹਿਤ ਨਾਮ ਦਰਜ ਕਰਵਾ ਸਕਦੇ ਹਨ ਜਿਨ੍ਹਾਂ ਲਈ ਅੱਜ ਤੋਂ ਹਰੇਕ ਗ੍ਰਾਮ ਪੰਚਾਇਤ ਵਿੱਚ ਨਵੇਂ ਕਾਮਿਆਂ ਨੂੰ ਰਜਿਸਟਰ ਕਰਨ ਦੇ

ਨਾਲ-ਨਾਲ ਮੌਜੂਦਾ ਲਾਭਪਾਤਰੀਆਂ ਦੇ ਵੇਰਵਿਆਂ ਨੂੰ ਅਪਡੇਟ ਕਰਨ ਲਈ ਜੌਬ ਕਾਰਡ ਰਜਿਸਟ੍ਰੇਸ਼ਨ ਕੈਂਪ ਲਗਾਏ ਜਾ ਰਹੇ ਹਨ।

-----------------------------------------------------

ਪੰਜਾਬ ਵਿੱਚ, ਕੱਲ੍ਹ ਹੋਈ ਫਾਰਮਾਸਿਸਟ ਅਫਸਰ ਭਰਤੀ ਪ੍ਰੀਖਿਆ ਦੌਰਾਨ ਇੱਕ ਵੱਡੇ ਹਾਈ-ਟੈਕ ਅੰਤਰ-ਰਾਜੀ ਧੋਖਾਧੜੀ ਦੇ ਘੁਟਾਲੇ ਦਾ ਪਰਦਾਫਾਸ਼ ਹੋਇਆ ਏ । ਪੰਜਾਬ ਪੁਲਿਸ ਅਤੇ ਇਸਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਤਿੰਨ ਜ਼ਿਲ੍ਹਿਆਂ - ਫਰੀਦਕੋਟ, ਕੋਟਕਪੂਰਾ ਅਤੇ ਫਿਰੋਜ਼ਪੁਰ - ਦੇ 25 ਪ੍ਰੀਖਿਆ ਕੇਂਦਰਾਂ 'ਤੇ ਤੇਜ਼ੀ ਨਾਲ ਤਾਲਮੇਲ ਵਾਲੀ ਕਾਰਵਾਈ ਕਰਦੇ ਹੋਏ ਸੰਗਠਿਤ ਧੋਖਾਧੜੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ । ਸੱਤ ਮੁੱਖ ਸਾਜ਼ਿਸ਼ਕਾਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ  ਅਤੇ ਸਿੱਧੇ ਤੌਰ 'ਤੇ ਧੋਖਾਧੜੀ ਵਿੱਚ ਸ਼ਾਮਲ 28 ਉਮੀਦਵਾਰਾਂ ਨੂੰ ਵੀ ਹਿਰਾਸਤ ਵਿੱਚ ਲਿਆ ਗਿਆ ਏ । ਪੁਲਿਸ ਸੂਤਰਾਂ ਦੇ ਹਵਾਲੇ ਨਾਲ, ਜਲੰਧਰ ਤੋਂ ਸਾਡੇ ਪੱਤਰਕਾਰ ਨੇ ਦਸਿਆ ਕਿ ਪੁਲਿਸ ਨੇ ਧੋਖਾਧੜੀ ਲਈ ਵਰਤੇ ਗਏ ਪੈੱਨ-ਕੈਮਰਿਆਂ ਦੇ ਨਾਲ-ਨਾਲ 27 ਬੈਟਰੀ-ਸੰਚਾਲਿਤ ਵਾਇਰਲੈੱਸ ਧੋਖਾਧੜੀ ਯੰਤਰ ਵੀ ਬਰਾਮਦ ਕੀਤੇ ਨੇ । ਇਹ ਉਲੰਘਣਾ ਪ੍ਰੀਖਿਆ ਸ਼ੁਰੂ ਹੋਣ ਤੋਂ ਬਾਅਦ ਪੂਰੀ ਤਰ੍ਹਾਂ ਅਸਲ ਸਮੇਂ ਵਿੱਚ ਹੋਈ  ਜਾਂਚ ਕਰਨ ਵਾਲਿਆਂ ਨੇ ਸਪੱਸ਼ਟ ਕੀਤਾ ਕਿ ਪ੍ਰਸ਼ਨ ਪੱਤਰ ਪਹਿਲਾਂ ਤੋਂ ਲੀਕ ਨਹੀਂ ਹੋਇਆ ਸੀ ਅਤੇ ਹੁਣ ਤੱਕ ਕਿਸੇ ਵੀ ਅਧਿਕਾਰਤ ਅਧਿਕਾਰੀ ਦੀ ਸ਼ਮੂਲੀਅਤ ਨਹੀਂ ਮਿਲੀ ਏ । ਹਾਲਾਂਕਿ, ਮੁੱਢਲੀ ਜਾਂਚ ਤੋਂ ਪਤਾ ਚੱਲਦਾ

ਏ ਕਿ ਇਸ ਸਾਰੀ ਕਾਰਵਾਈ ਦਾ ਮਾਸਟਰ-ਮਾਈਂਡ, ਫਾਜ਼ਿਲਕਾ ਦੇ ਸੰਤ ਕਬੀਰ ਪੌਲੀਟੈਕਨਿਕ ਕਾਲਜ ਦਾ ਇੱਕ ਕਰਮਚਾਰੀ ਗੁਰਮੀਤ ਸਿੰਘ ਏ । ਇਹ 7 ਮੁੱਖ ਸਾਜ਼ਿਸ਼ਕਾਰ ਪੈੱਨ-ਕੈਮਰਾ ਸਕੈਨਰ ਰਾਹੀਂ ਵਟਸਐਪ 'ਤੇ ਪ੍ਰਸ਼ਨ ਪੱਤਰ ਪ੍ਰਾਪਤ ਕਰਨ ਤੋਂ ਤੁਰੰਤ ਬਾਅਦ ਪੰਜਾਬ, ਹਰਿਆਣਾ ਅਤੇ ਰਾਜਸਥਾਨ ਤੋਂ ਕੰਮ ਕਰਨ ਲਗੇ ਅਤੇ ਇਨ੍ਹਾਂ ਨੇ ਲੱਖਾਂ ਰੁਪਏ ਵਿੱਚ ਅਦਾਇਗੀ ਕਰਨ ਵਾਲੇ ਵਿਦਿਆਰਥੀਆਂ ਨੂੰ ਸਵਾਲਾਂ ਦੇ ਜਵਾਬ ਭੇਜਣੇ ਸ਼ੁਰੂ ਕਰ ਦਿੱਤੇ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਦਿਨੀ 'ਤੀਰਥ ਯਾਤਰਾ' ਯੋਜਨਾ ਦੇ ਵਿਸਥਾਰ ਦਾ ਐਲਾਨ ਕੀਤਾ ਏ । Mਬੀਤੀ ਸ਼ਾਮ ਹੁਸ਼ਿਆਰਪੁਰ ਦੇ ਤਲਵਾੜਾ ਵਿਖੇ 'ਇੱਕ ਸ਼ਾਮ ਭਗਵਾਨ ਸ਼ਿਵ ਕੇ ਨਾਮ' ਦੌਰਾਨ ਮੁਖ ਮੰਤਰੀ ਨੇ ਕਿਹਾ ਕਿ ਅਗਸਤ ਮਹੀਨੇ ਤੋਂ ਪੰਜਾਬ ਸਰਕਾਰ ਖਾਟੂ ਸ਼ਿਆਮ ਜੀ-ਸਾਲਾਸਰ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵ੍ਰਿੰਦਾਵਨ ਲਈ ਮੁਫ਼ਤ ਤੀਰਥ ਯਾਤਰਾ ਸ਼ੁਰੂ ਕਰੇਗੀ। ਇਨ੍ਹਾਂ ਤਿੰਨਾਂ ਨਵੇਂ ਰੂਟਾਂ ਲਈ ਰਜਿਸਟ੍ਰੇਸ਼ਨ ਅਗਸਤ ਵਿੱਚ ਖੁੱਲ੍ਹੇਗੀ, ਜਿਸ ਤਹਿਤ ਸਰਕਾਰ ਡੇਢ ਲੱਖ ਸ਼ਰਧਾਲੂਆਂ ਨੂੰ 'ਦਰਸ਼ਨ' ਕਰਵਾਉਣ ਦੀ ਤਿਆਰੀ ਕੀਤੀ ਜਾ ਰਹੀ ਏ । ਇਸ ਮੌਕੇ ਉਨ੍ਹਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੀ ਮੌਜੂਦ ਰਹੇ ।

---

ਪੰਜਾਬ ਸਰਕਾਰ ਨੇ ਆਮ ਲੋਕਾਂ ਦੀ ਸਹੂਲਤ ਲਈ ਜ਼ਮੀਨ ਅਤੇ ਜਾਇਦਾਦ ਦੀ ਖ਼ਰੀਦ-ਵੇਚ ਸਮੇਂ ਰਜਿਸਟ੍ਰੇਸ਼ਨ ਦੀ ਭਾਸ਼ਾ ਨੂੰ ਹੋਰ ਸੌਖਾ ਬਣਾਉਣ ਵੱਲ ਇੱਕ ਅਹਿਮ ਕਦਮ ਚੁੱਕਿਆ ਏ । ਸਰਕਾਰ ਨੇ ਮਾਲ ਵਿਭਾਗ ਵਿੱਚ ਮੁੱਦਤਾਂ ਤੋਂ ਵਰਤੇ ਜਾਂਦੇ 35 ਔਖੇ ਸ਼ਬਦਾਂ ਦੀ ਥਾਂ ਸੌਖੇ ਅਤੇ ਆਮ ਲੋਕਾਂ ਦੀ ਸਮਝ ਵਿੱਚ ਆਉਣ ਵਾਲੇ ਪੰਜਾਬੀ ਸ਼ਬਦ ਵਰਤਣ ਦਾ ਫ਼ੈਸਲਾ ਕੀਤਾ ਏ । ਪੰਜਾਬ ਦੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਸਰਕਾਰ ਦਾ ਉਦੇਸ਼ ਸਰਕਾਰੀ ਸੇਵਾਵਾਂ ਨੂੰ ਲੋਕਾਂ ਲਈ ਵਧੇਰੇ ਸਰਲ, ਪਾਰਦਰਸ਼ੀ ਅਤੇ ਸੁਖਾਲਾ ਬਣਾਉਣਾ ਏ । ਉਨ੍ਹਾਂ ਦੱਸਿਆ ਕਿ ਜਾਇਦਾਦ ਦੀ ਰਜਿਸਟ੍ਰੇਸ਼ਨ ਨਾਲ ਸਬੰਧਤ ਦਸਤਾਵੇਜ਼ਾਂ ਵਿੱਚ ਵਰਤੀ ਜਾਂਦੀ ਔਖੀ ਭਾਸ਼ਾ ਕਾਰਨ ਆਮ ਲੋਕਾਂ ਨੂੰ ਅਕਸਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।  ਮਾਲ ਮੰਤਰੀ ਨੇ ਦੱਸਿਆ ਕਿ ਇਸ ਬਾਰੇ ਮਾਲ ਅਤੇ ਮੁੜ-ਵਸੇਬਾ ਵਿਭਾਗ ਵੱਲੋਂ ਵਿਸ਼ੇਸ਼ ਕਮੇਟੀ ਕਾਇਮ ਕੀਤੀ ਗਈ ਸੀ, ਜਿਸ ਦੀਆਂ ਸਿਫ਼ਾਰਸ਼ਾਂ ਦੇ ਆਧਾਰ ’ਤੇ ਇਹ ਫ਼ੈਸਲਾ ਕੀਤਾ ਗਿਆ ਏ ।

ਮਾਲ ਮੰਤਰੀ ਨੇ ਦੱਸਿਆ ਕਿ ਰਜਿਸਟ੍ਰੇਸ਼ਨ ਬਾਰੇ ਇੰਸਪੈਕਟਰ ਜਨਰਲ ਅਤੇ ਸੂਬੇ ਦੇ ਸਮੂਹ ਡਿਪਟੀ ਕਮਿਸ਼ਨਰਾਂ ਨੂੰ ਪੱਤਰ ਜਾਰੀ ਕਰਕੇ ਪੁਰਾਣੇ ਅਤੇ ਨਵੇਂ ਸਿਫ਼ਾਰਸ਼ ਕੀਤੇ ਸ਼ਬਦਾਂ ਦੀ ਸੂਚੀ ਭੇਜੀ ਗਈ ਏ । ਉਨ੍ਹਾਂ ਖੇਤਰੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀ ਸਹੂਲਤ ਲਈ,

ਜਾਇਦਾਦ ਦੀ ਰਜਿਸਟ੍ਰੇਸ਼ਨ ਨਾਲ ਸਬੰਧਤ ਦਸਤਾਵੇਜ਼ਾਂ ਵਿੱਚ, ਨਵੇਂ ਸੌਖੇ ਸ਼ਬਦਾਂ ਦੀ ਵਰਤੋਂ ਨੂੰ ਤਰਜੀਹੀ ਤੌਰ 'ਤੇ ਯਕੀਨੀ ਬਣਾਇਆ ਜਾਵੇ।

----------------------------------------------------

ਪੰਜਾਬ ਅਤੇ ਹਰਿਆਣਾ ਦੇ ਕਈ ਹਿੱਸਿਆਂ ਵਿੱਚ ਭਾਰੀ ਤੋਂ ਬਹੁਤ ਭਾਰੀ ਬਾਰਿਸ਼ ਹੋ ਰਹੀ ਏ, ਜਿਸ ਨਾਲ ਗਰਮ ਅਤੇ ਹੁੰਮਸ ਭਰੇ ਮੌਸਮ ਤੋਂ ਰਾਹਤ ਮਿਲ ਰਹੀ ਏ । ਮੌਸਮ ਵਿਭਾਗ ਨੇ ਦੋਵਾਂ ਸੂਬਿਆਂ ਵਿੱਚ, ਮੌਜੂਦਾ ਮੌਸਮ ਦੀ ਸਥਿਤੀ ਬਾਰੇ ਓਰੇਂਜ ਅਲਰਟ ਜਾਰੀ ਕੀਤਾ ਸੀ । ਪੰਜਾਬ ਦੇ ਸਭ ਤੋਂ ਵੱਧ ਪ੍ਰਭਾਵਿਤ ਜ਼ਿਲ੍ਹੇ ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ, ਰੂਪਨਗਰ, ਮੋਹਾਲੀ ਅਤੇ ਆਨੰਦਪੁਰ ਸਾਹਿਬ ਨੇ । ਜਲੰਧਰ, ਅੰਮ੍ਰਿਤਸਰ ਅਤੇ ਹੋਰ ਜ਼ਿਲ੍ਹਿਆਂ ਦੇ ਕੁਝ ਹਿੱਸਿਆਂ ਵਿੱਚ ਵੀ ਦਰਮਿਆਨੀ ਬਾਰਿਸ਼ ਹੋ ਰਹੀ ਏ । ਮੋਹਾਲੀ ਸਮੇਤ ਕੁਝ ਜ਼ਿਲ੍ਹਿਆਂ ਵਿੱਚ ਪਾਣੀ ਭਰ ਜਾਣ ਨਾਲ ਮੁਸਾਫ਼ਰਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਏ । ਓਧਰ ਹਰਿਆਣਾ ਵਿੱਚ, ਕਾਲਕਾ, ਪੰਚਕੂਲਾ, ਅੰਬਾਲਾ ਅਤੇ ਜਗਾਧਰੀ ਵਿੱਚ ਭਾਰੀ ਬਾਰਿਸ਼ ਹੋ ਰਹੀ ਏ ।

----------------------------------------------------